# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :31-08-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਉਨ੍ਹਾਂ ਦੇਸ਼ ਭਰ ਵਿਚ ਵਾਪਰੀਆਂ ਕੁਦਰਤੀ ਆਫ਼ਤਾਂ ਦੌਰਾਨ,ਲੋਕਾਂ ਨੂੰ ਬਚਾਉਣ ਵਾਸਤੇ ਦਿਨ-ਰਾਤ ਕੰਮ ਕਰਨ ਲਈ, NDRF, SDRF, ਭਾਰਤੀ ਫੌਜ ਹੋਰਨਾਂ ਸੁਰੱਖਿਆ ਬਲਾਂ ਤੇ ਲੋਕਾਂ ਦਾ ਸ਼ੁਕਰੀਆ ਅਦਾ ਕੀਤਾ।
- ਪੰਜਾਬ ਤਬਾਹਕੁੰਨ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਏ- ਰਾਹਤ ਤੇ ਬਚਾਅ ਕਾਰਜ ਜੰਗੀ ਪੱਧਰ ‘ਤੇ ਜਾਰੀ- ਹੜ੍ਹਾਂ ਦੀ ਸਥਿਤੀ ਵਿਚ ਕੋਈ ਸੁਧਾਰ ਨਾ ਹੋਣ ਦੇ ਮੱਦੇਨਜ਼ਰ, ਪੰਜਾਬ ਸਰਕਾਰ ਲੋਂ 3 ਸਤੰਬਰ ਤੱਕ ਸੂਬੇ ਦੇ ਸਾਰੇ ਸਕੂਲਾਂ ਵਿਚ ਛੁੱਟੀਆਂ ਦਾ ਐਲਾਨ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜਾਂ ਬਾਰੇ ਜਾਣੂ ਕਰਵਾਉਂਦਿਆਂ, ਕੇਂਦਰ ਕੋਲ ਰੁਕੇ 60 ਹਜ਼ਾਰ ਕਰੋੜ ਰੁਪਏ ਦੇ

ਫੰਡ ਜਾਰੀ ਕਰਨ ਲਈ, ਪ੍ਰਧਾਨ ਮੰਤਰੀ ਤੋਂ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ।

- ਮੌਸਮ ਵਿਭਾਗ ਵਲੋਂ ਅਗਲੇ 24 ਘੰਟਿਆਂ ਦੌਰਾਨ, ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ।
- ਰਾਸ਼ਟਰੀ ਖੇਡ ਦਿਵਸ ਹਿੱਸੇ ਵਜੋਂ, ਪੰਜਾਬ ਸਮੇਤ ਅੱਜ ਦੇਸ਼ ਭਰ ਵਿੱਚ, ਵੱਖ-ਵੱਖ ਪ੍ਰੋਗਰਾਮਾਂ ਦਾ ਆਯੋਜਨ ।

**ਹੁਣ ਖਬਰਾਂ ਵਿਸਥਾਰ ਨਾਲ....**

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਨੂੰ ਸਥਾਨਕ ਉਤਪਾਦਾਂ ਨੂੰ ਉਤਸ਼ਾਹਿਤ ਕਰਕੇ ਵੋਕਲ ਫਾਰ ਲੋਕਲ, ਆਤਮ-ਨਿਰਭਰ ਭਾਰਤ ਅਤੇ ਵਿਕਸਿਤ ਭਾਰਤ ਦੇ ਮੰਤਰ ਨਾਲ ਅੱਗੇ ਵਧਣਾ ਹੋਵੇਗਾ । ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਮੌਸਮ ਦੌਰਾਨ ਦੇਸ਼ ਵਾਸੀਆਂ ਨੂੰ ਸਵਦੇਸ਼ੀ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਏ । ਸ੍ਰੀ ਮੋਦੀ ਨੇ ਕਿਹਾ ਕਿ ਸਿਰਫ਼ ਉਹੀ ਤੋਹਫ਼ੇ, ਕੱਪੜੇ ਅਤੇ ਸਜਾਵਟ ਦੀਆਂ ਚੀਜ਼ਾਂ ਖਰੀਦੋ ਜੋ ਭਾਰਤ ਵਿੱਚ ਬਣੀਆਂ ਹੋਣ । ਪ੍ਰਧਾਨ ਮੰਤਰੀ ਨੇ ਕਿਹਾ ਕਿ ਜੇਕਰ ਤਿਉਹਾਰਾਂ ਦੇ ਜਸ਼ਨ ਦੌਰਾਨ,

ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਉਤਸ਼ਾਹ ਹੋਰ ਵੀ ਵਧਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮਾਨਸੂਨ ਦੇ ਮੌਸਮ ਦੌਰਾਨ, ਕੁਦਰਤੀ ਆਫ਼ਤਾਂ, ਦੇਸ਼ ਲਈ ਇੱਕ ਪ੍ਰੀਖਿਆ ਦਾ ਸਮਾਂ ਨੇ । ਪਿਛਲੇ ਕੁਝ ਹਫ਼ਤਿਆਂ ਦੌਰਾਨ, ਹੜ੍ਹਾਂ ਅਤੇ ਜ਼ਮੀਨ ਖਿਸਕਣ ਦੀਆਂ ਘਟਨਾਵਾਂ ਨੇ ਦੇਸ਼ ਵਿੱਚ ਭਾਰੀ ਤਬਾਹੀ ਮਚਾਈ ਏ। ਸ੍ਰੀ ਮੋਦੀ ਨੇ ਕਿਹਾ ਕਿ ਇਨ੍ਹਾਂ ਘਟਨਾਵਾਂ ਨੇ ਦੇਸ਼ ਦੇ ਹਰ ਨਾਗਰਿਕ ਨੂੰ ਦੁਖੀ ਕੀਤਾ ਏ। ਉਨ੍ਹਾਂ ਕਿਹਾ ਕਿ ਜਿੱਥੇ ਵੀ ਕੋਈ ਆਫ਼ਤ ਆਈ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ, ਰਾਜ ਆਫ਼ਤ ਪ੍ਰਤੀਕਿਰਿਆ ਬਲ, ਹੋਰ ਸੁਰੱਖਿਆ ਬਲ - ਸਾਰਿਆਂ ਨੇ ਜਾਨਾਂ ਬਚਾਉਣ ਲਈ ਦਿਨ ਰਾਤ ਕੰਮ ਕੀਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਜਵਾਨਾਂ ਨੂੰ ਤਕਨਾਲੋਜੀ ਵੀ ਪ੍ਰਦਾਨ ਕੀਤੀ ਗਈ ਏ। ਉਨ੍ਹਾਂ ਹਰ ਉਸ ਨਾਗਰਿਕ ਦਾ ਧੰਨਵਾਦ ਕੀਤਾ, ਜਿਸਨੇ ਇਸ ਪ੍ਰੀਖਿਆ ਦੀ ਘੜੀ ਵਿੱਚ ਮਨੁੱਖਤਾ ਨੂੰ ਸਭ ਤੋਂ ਉੱਪਰ ਰੱਖਿਆ।BYTE-ਪ੍ਰਧਾਨ ਮੰਤਰੀ ਨੇ ਕਿਹਾ ਕਿ 15 ਸਤੰਬਰ ਭਾਰਤ ਦੇ ਮਹਾਨ ਇੰਜੀਨੀਅਰ ਮੋਕਸ਼-ਗੁੰਡਮ ਵਿਸ਼ਵੇਸ਼-ਵਰੈਯ ਦਾ ਜਨਮਦਿਨ ਏ, ਜਿਨ੍ਹਾਂ ਨੂੰ ਇੰਜੀਨੀਅਰ ਦਿਵਸ ਵਜੋਂ ਮਨਾਇਆ ਜਾਂਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ 17 ਸਤੰਬਰ ਵਿਸ਼ਵਕਰਮਾ ਜਯੰਤੀ ਏ। ਸ੍ਰੀ ਮੋਦੀ ਨੇ ਕਿਹਾ ਕਿ ਇਹ ਦਿਨ ਉਨ੍ਹਾਂ ਵਿਸ਼ਵਕਰਮਾ ਭਰਾਵਾਂ ਨੂੰ ਸਮਰਪਿਤ ਏ ਜੋ ਇੱਕ ਪੀੜ੍ਹੀ ਤੋਂ ਦੂਜੀ ਪੀੜ੍ਹੀ ਨੂੰ ਰਵਾਇਤੀ ਕਾਰੀਗਰੀ, ਹੁਨਰ ਅਤੇ ਗਿਆਨ

ਲਗਾਤਾਰ ਭੇਜ ਰਹੇ ਨੇ ।

---------------------------------------------------------------------

ਪੰਜਾਬ ਆਪਣੇ ਇਤਿਹਾਸ ਦੇ ਸਭ ਤੋਂ ਵਿਨਾਸ਼ਕਾਰੀ ਹੜ੍ਹਾਂ ਵਿੱਚੋਂ ਇੱਕ ਦਾ ਸਾਹਮਣਾ ਕਰ ਰਿਹਾ ਏ । ਇਹ 1988 ਦੇ ਵਿਨਾਸ਼ਕਾਰੀ ਹੜ੍ਹਾਂ ਨਾਲੋਂ ਕਿਤੇ ਜ਼ਿਆਦਾ ਭਿਆਨਕ ਏ । ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਬਾਰਿਸ਼ ਕਾਰਨ ਹੜ੍ਹਾਂ ਦੇ ਪਾਣੀ ਦਾ ਇਕੱਠਾ ਹੋਣਾ ਪਿਛਲੇ ਸਾਰੇ ਰਿਕਾਰਡਾਂ ਨੂੰ ਪਾਰ ਕਰ ਗਿਆ ਏ, ਜਿਸ ਨਾਲ ਸੂਬੇ ਦੇ 9 ਜ਼ਿਲ੍ਹਿਆਂ ਵਿੱਚ ਵਿਆਪਕ ਤਬਾਹੀ ਹੋਈ ਏ । ਸੂਬੇ ਵਿੱਚ ਪਾਣੀ ਨਾਲ ਭਰੇ ਡੈਮ ਅਤੇ ਲਗਾਤਾਰ ਨਿਯੰਤਰਿਤ ਢੰਗ ਨਾਲ ਪਾਣੀ ਛੱਡੇ ਜਾਣ ਨਾਲ ਸਥਿਤੀ ਹੋਰ ਵਿਗੜ ਰਹੀ ਏ । ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਸੁਲਤਾਨਪੁਰ ਲੋਧੀ ਦੇ ਮੰਡ ਖੇਤਰਾਂ ਵਿੱਚ ਹੜ੍ਹਾਂ ਦੀ ਗੰਭੀਰ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ । ਰਾਜਪਾਲ ਨੇ ਅੱਜ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਟੈਲੀਫੋਨ 'ਤੇ ਗੱਲਬਾਤ ਕਰਦਿਆਂ ਸੁਲਤਾਨਪੁਰ ਲੋਧੀ ਵਿੱਚ ਹੜ੍ਹਾਂ ਦੀ ਸਥਿਤੀ ਬਾਰੇ ਪੁੱਛਿਆ ਅਤੇ ਕਪੂਰਥਲਾ ਵਿੱਚ ਵਿਗੜਦੀ ਹੜ੍ਹ ਦੀ ਸਥਿਤੀ 'ਤੇ ਆਪਣੀ ਚਿੰਤਾ ਪ੍ਰਗਟ ਕੀਤੀ ਅਤੇ ਇਸ ਨਾਜ਼ੁਕ ਹਾਲਾਤ 'ਤੇ ਹੜ੍ਹ ਪੀੜਤਾਂ ਦੀ ਸੇਵਾ ਕਰਨ ਲਈ ਸੀਚੇਵਾਲ ਦਾ ਧੰਨਵਾਦ ਵੀ ਕੀਤਾ।BYTE:

ਇਸੇ ਦੌਰਾਨ ਬਿਆਸ ਦਰਿਆ ਵਿਚ ਪਾਣੀ ਦੇ ਵਧੇ ਪੱਧਰ ਦੇ ਮੱਦੇਨਜ਼ਰ ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਰੈਡ ਅਲਰਟ ਜਾਰੀ ਕਰਦਿਆਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਆਉਣ ਦੀ ਅਪੀਲ ਕੀਤੀ ਏ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਭਾਰੀ ਮੀਂਹ ਕਾਰਨ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ 2 ਲਖ 35 ਹਜ਼ਾਰ ਕਿਊਸਕ ਹੋ ਗਿਆ ਏ , ਜਿਸ ਕਾਰਨ ਨੀਂਵੇ ਖੇਤਰਾਂ ਵਿਚ ਰਹਿ ਰਹੇ ਲੋਕ ਤੁਰੰਤ ਸੁਰੱਖਿਅਤ ਥਾਵਾਂ ਉਪਰ ਆ ਜਾਣ। ਉਨ੍ਹਾਂ ਕਿਹਾ ਕਿ ਫੌਜ ਤੇ SDRF ਦੀਆਂ ਟੀਮਾਂ ਵੱਲੋਂ ਲਗਾਤਾਰ ਲੋਕਾਂ ਨੂੰ ਸੁਰੱਖਿਅਤ ਬਾਹਰ ਲਿਆਂਦਾ ਜਾ ਰਿਹਾ ਏ । ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਦੀ ਲੋੜ ਏ ਤਾਂ ਜ਼ਿਲ੍ਹਾ ਪ੍ਰਸਾਸਨ ਦੇ ਹੈੱਲਪਲਾਈਨ ਨੰਬਰਾਂ ‘ਤੇ ਤੁੰਰਤ ਸੰਪਰਕ ਕੀਤਾ ਜਾਵੇ। ਨੰਬਰ 62800-49331, 01822-231-990 ਅਤੇ ਸੁਲਤਾਨਪੁਰ ਲੋਧੀ ਸਬ ਡਵੀਜ਼ਨ ਦੇ ਹੜ੍ਹ ਰੋਕੂ ਕੰਟਰੋਲ ਰੂਮ 01828-222-169, 24 ਘੰਟੇ ਕਾਰਜਸ਼ੀਲ ਨੇ। ਪੁਲਿਸ ਤੇ SDRF ਵਲੋਂ ਪੋਰਟੇਬਲ ਸਪੀਕਰ ਰਾਹੀਂ ਅਨਾਊਂਸਮੈਟ ਕਰਕੇ ਲੋਕਾਂ ਨੂੰ ਅਲਰਟ ਅਤੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਸੁਰੱਖਿਅਤ ਥਾਵਾਂ ਤੇ ਆਉਣ ਦੀ ਅਪੀਲ ਕੀਤੀ ਜਾ ਰਹੀ ਏ। BYTE:

ਓਧਰ  ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ ਸਿਨਹਾ ਨੇ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਅਜਨਾਲਾ ਅਤੇ ਰਮਦਾਸ ਦਾ ਦੌਰਾ ਕੀਤਾ। ਇਸੇ ਦੌਰਾਨ ਉਹਨਾਂ ਨੇ ਪਿੰਡ ਚਮਿਆਰੀ ਵਿਖੇ ਬਣਾਏ ਗਏ ਰਾਹਤ ਕੇਂਦਰ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਫਿਲਹਾਲ ਰਾਹਤ ਅਤੇ ਬਚਾਓ ਦੇ ਕਾਰਜ ਜਾਰੀ ਨੇ ।BYTE:

ਇਸਤੋਂ ਬਾਅਦ ਕੇ.ਏ.ਪੀ. ਸਿਨਹਾ ਅਤੇ ਜਲ ਸਰੋਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਨੇ ਅੱਜ ਜ਼ਿਲਾ ਪਠਾਨਕੋਟ ਦੇ ਬਲਾਕ ਬਮਿਆਲ ਅਤੇ ਨਰੋਟ ਜੈਮਲ ਸਿੰਘ ਵਿਚ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਦਾ ਦੌਰਾ ਕੀਤਾ ਅਤੇ ਬੰਨ੍ਹ ਨੂੰ ਪੂਰੇ ਜਾਣ ਦੇ ਕੰਮ ਦਾ ਜਾਇਜ਼ਾ ਲਿਆ । ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ, ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜਾਂ ਨੂੰ ਹੋਰ ਤੇਜ਼ ਕਰਨ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਦਿੱਤੀ ਜਾ ਸਕੇ।

ਓਧਰ ਪਟਿਆਲਾ ਦੇ ਘਨੌਰ ਅਤੇ ਸਨੌਰ ਖੇਤਰਾਂ ਵਿੱਚ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਹੁਣ ਘੱਟ ਗਿਆ ਏ ਪਰ ਇਹ ਪਾਣੀ ਸਮਾਣਾ ਅਤੇ ਪਾਤੜਾਂ ਖੇਤਰ ਦੇ ਖੇਤਾਂ ਵਿੱਚੋਂ ਲੰਘ ਸਕਦਾ ਏ । ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਘੜਾਮ ਵਿਖੇ ਘੱਗਰ ਨਦੀ ਵਿੱਚ ਵਧੇ ਪਾਣੀ ਦੇ ਪੱਧਰ ਬਾਰੇ ਜਾਣਕਾਰੀ ਦਿੰਦੇ ਦਸਿਆ  ।

BYTE:
ਜ਼ਿਆਦਾ ਪਾਣੀ ਆਉਣ ਤੇ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-235-05-50 ਤੇ 235-85-50 ਉਪਰ ਸੂਚਿਤ ਕੀਤਾ ਜਾਵੇ। ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਡੇਰਾ ਬਾਬਾ ਨਾਨਕ ਦਾ ਦੌਰਾ ਕੀਤਾ । ਓਹਨਾ ਹੜ ਪੀੜਤਾਂ ਨਾਲ ਗੱਲਬਾਤ ਕੀਤੀ ਅਤੇ ਦਿਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਵੀ ਲਿਆ । ਸਿਹਤ ਮੰਤਰੀ ਨੇ ਪੱਤਰਕਾਰਾਂ ਨੂੰ ਦਸਿਆ IBYTE

ਇਸੇ ਦੌਰਾਨ ਸ਼ਿਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਗੁਰਦਾਸਪੁਰ 'ਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਰਾਹਤ ਸਮੱਗਰੀ ਪਹੁੰਚਾਈ IBJP ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਦੀਨਾਨਗਰ ਵਿਖੇ ਹੜ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਤੇ ਲੋਕਾਂ ਦਾ ਸਾਥ ਦੇਣ ਲਈ, ਸਮਾਜ ਸੇਵੀ ਸੰਸਥਾਵਾਂ ਤੇ ਫੌਜ ਦਾ ਧੰਨਵਾਦ ਕੀਤਾ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਕੋਲ ਰੁਕੇ ਪਏ 60 ਹਜ਼ਾਰ ਕਰੋੜ ਰੁਪਏ ਦੇ ਫੰਡ ਜਾਰੀ ਕਰਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ

ਏ। ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿੱਚ ਭਗਵੰਤ ਸਿੰਘ ਮਾਨ ਨੇ, ਉਨ੍ਹਾਂ ਨੂੰ ਪੰਜਾਬ ਵਿੱਚ ਹੜ੍ਹਾਂ ਦੀ ਗੰਭੀਰ ਸਥਿਤੀ ਤੋਂ ਜਾਣੂੰ ਕਰਵਾਇਆ ਅਤੇ ਇਸ ਨੂੰ ਲੰਬੇ ਸਮੇਂ ਬਾਅਦ ਆਈ ਸਭ ਤੋਂ ਭਿਆਨਕ ਆਫ਼ਤ ਦੱਸਿਆ। ਉਨ੍ਹਾਂ ਕਿਹਾ ਕਿ ਇਸ ਕੁਦਰਤੀ ਆਫ਼ਤ ਨਾਲ ਲਗਪਗ ਇੱਕ ਹਜ਼ਾਰ ਪਿੰਡ ਅਤੇ ਲੱਖਾਂ ਲੋਕ ਪ੍ਰਭਾਵਿਤ ਹੋਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਭਾਰੀ ਬਾਰਿਸ਼ ਅਤੇ ਡੈਮਾਂ ਤੋਂ ਪਾਣੀ ਛੱਡਣ ਦੇ ਨਾਲ ਸੱਤ ਜ਼ਿਲ੍ਹਿਆਂ ਗੁਰਦਾਸਪੁਰ, ਕਪੂਰਥਲਾ, ਅੰਮ੍ਰਿਤਸਰ, ਪਠਾਨਕੋਟ, ਫ਼ਿਰੋਜ਼ਪੁਰ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਵਿੱਚ ਗੰਭੀਰ ਹੜ੍ਹਾਂ ਦੇ ਹਾਲਾਤ ਬਣੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਸਥਿਤੀ ਵਿਗੜਦੀ ਜਾ ਰਹੀ ਏ ਅਤੇ ਆਉਣ ਵਾਲੇ ਦਿਨਾਂ ਵਿੱਚ ਹਾਲਾਤ ਹੋਰ ਵੀ ਵਿਗੜ ਸਕਦੇ ਨੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਲਗਪਗ ਤਿੰਨ ਲੱਖ ਏਕੜ ਖੇਤੀਬਾੜੀ ਜ਼ਮੀਨ ਮੁੱਖ ਤੌਰ 'ਤੇ ਝੋਨੇ ਦੇ ਖੇਤ, ਹੜ੍ਹ ਦੇ ਪਾਣੀ ਨਾਲ ਡੁੱਬੇ ਹੋਏ ਹਨ, ਜਿਸ ਕਾਰਨ ਵਾਢੀ ਤੋਂ ਕੁਝ ਹਫ਼ਤੇ ਪਹਿਲਾਂ ਹੀ ਫਸਲਾਂ ਦਾ ਨੁਕਸਾਨ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂਆਂ ਦਾ ਵੀ ਕਾਫ਼ੀ ਨੁਕਸਾਨ ਹੋਇਆ ਏ , ਜਿਸ ਨਾਲ ਆਪਣੀ ਰੋਜ਼ੀ-ਰੋਟੀ ਲਈ ਡੇਅਰੀ ਫਾਰਮਿੰਗ ਅਤੇ ਪਸ਼ੂ ਪਾਲਣ 'ਤੇ ਨਿਰਭਰ ਪੇਂਡੂ ਇਲਾਕੇ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਨੇ।

---------------------------------------------------

ਜੰਮੂ ਅਤੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਆਏ ਭਿਆਨਕ ਹੜ੍ਹਾਂ ਦੇ ਜਵਾਬ ਵਿੱਚ, ਭਾਰਤੀ ਫੌਜ ਦੀ ਪੱਛਮੀ ਕਮਾਂਡ ਵਿਆਪਕ ਮਾਨਵਤਾਵਾਦੀ ਸਹਾਇਤਾ ਅਤੇ ਆਫ਼ਤ ਰਾਹਤ ਕਾਰਜ ਚਲਾ ਰਹੀ ਏ । ਫੌਜ ਦੇ ਦੀ ਪੱਛਮੀ ਕਮਾਂਨ ਦੇ ਕਮਾਂਡਰ, ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਜੰਮੂ ਅਤੇ ਪੰਜਾਬ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਪ੍ਰਭਾਵਿਤ ਅਗਾਂਹਵਧੂ ਖੇਤਰਾਂ ਦਾ ਦੌਰਾ ਕੀਤਾ ਅਤੇ ਚੱਲ ਰਹੇ ਮਾਨਵਤਾਵਾਦੀ ਸਹਾਇਤਾ ਅਤੇ ਆਫ਼ਤ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ।ਤੁਰੰਤ ਰਾਹਤ ਪ੍ਰਦਾਨ ਕਰਨ ਲਈ ਫੌਜ ਹਵਾਬਾਜ਼ੀ ਅਤੇ ਹਵਾਈ ਫੌਜ ਹੈਲੀਕਾਪਟਰਾਂ 'ਤੇ ਅਧਾਰਤ ਕਾਲਮਾਂ ਸਮੇਤ ਕੁੱਲ 47 ਕਾਲਮਾਂ ਨੂੰ ਫਾਰਮੇਸ਼ਨ ਇੰਜੀਨੀਅਰਾਂ, ਮੈਡੀਕਲ ਅਤੇ ਸੰਚਾਰ ਸਰੋਤਾਂ ਦੇ ਨਾਲ ਸਰਗਰਮ ਕੀਤਾ ਗਿਆ ਏ । ਹਵਾਬਾਜ਼ੀ ਸੰਪਤੀਆਂ ਅਤੇ ਭਾਰਤੀ ਹਵਾਈ ਸੈਨਾ ਦੇ ਪਲੇਟਫਾਰਮਾਂ ਨੂੰ 20 ਜਹਾਜ਼ਾਂ ਨਾਲ ਵਿਆਪਕ ਤੌਰ 'ਤੇ ਤਾਇਨਾਤ ਕੀਤਾ ਗਿਆ ਸੀ ਜਿਨ੍ਹਾਂ ਨੂੰ ਜ਼ਰੂਰੀ ਰਾਹਤ ਸਮੱਗਰੀ ਦੀ ਨਿਕਾਸੀ ਅਤੇ ਸਪਲਾਈ ਨੂੰ ਯਕੀਨੀ ਬਣਾਉਣ ਲਈ ਸੇਵਾ ਵਿੱਚ ਲਗਾਇਆ ਗਿਆ ਸੀ।

---------------------------------------------------

ਪੰਜਾਬ ਵਿਚ ਹੜ੍ਹਾਂ ਦੀ ਸਥਿਤੀ ਵਿਚ ਕੋਈ ਸੁਧਾਰ ਨਾ ਹੋਣ ਦੇ ਮੱਦੇਨਜ਼ਰ, ਅੱਜ ਪੰਜਾਬ ਸਰਕਾਰ ਨੇ 3 ਸਤੰਬਰ ਤੱਕ ਸੂਬੇ ਦੇ ਸਾਰੇ ਸਕੂਲਾਂ ਵਿਚ ਛੁੱਟੀਆਂ ਦਾ ਐਲਾਨ ਕਰ ਦਿੱਤਾ ਏ । ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਹੜ੍ਹਾਂ ਦੀ ਮੌਜੂਦਾ ਸਥਿਤੀ ਨੂੰ ਵੇਖਦਿਆਂ ਸੂਬੇ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲ 3 ਸਤੰਬਰ ਤੱਕ ਬੰਦ ਰਹਿਣਗੇ। ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮੁਸ਼ਕਲ ਸਮੇਂ ਦੌਰਾਨ ਆਪਣੇ ਬੱਚਿਆਂ ਦੀ ਸੁਰੱਖਿਆ ਨੂੰ ਤਰਜੀਹ ਦੇਣ ਅਤੇ ਹਦਾਇਤਾਂ ਦੀ ਪਾਲਣਾ ਕਰਕੇ ਪ੍ਰਸ਼ਾਸਨ ਨਾਲ ਸਹਿਯੋਗ ਕਰਨ। ਉਨ੍ਹਾਂ ਨੇ ਅਧਿਆਪਕਾਂ ਨੂੰ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਬਣਾਈ ਰੱਖਣ ਲਈ ਕਿਹਾ।

---

ਮੌਸਮ ਵਿਭਾਗ ਨੇ ਅਗਲੇ 24 ਘੰਟਿਆਂ ਦੌਰਾਨ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ ਗਰਜ ਨਾਲ ਮੀਂਹ ਗਰਜ ਪੈਣ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਅਗਲੇ 36 ਤੋਂ 48 ਘੰਟਿਆਂ ਦੌਰਾਨ, ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਵੀ ਜਤਾਈ ਏ ।

---

ਕੇਂਦਰੀ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਫਿੱਟ ਇੰਡੀਆ ਸੰਡੇ ਓਨ ਸਾਈਕਲ ਦੇ ਮੌਕੇ ਇੱਕ ਸਾਈਕਲ ਰੈਲੀ ਵਿੱਚ ਹਿੱਸਾ ਲਿਆ। ਸਾਬਕਾ ਬੈਡਮਿੰਟਨ ਖਿਡਾਰਨ ਤ੍ਰਿਪਤੀ ਮੁਰ-ਗੁੰਡੇ, ਵੱਖ-ਵੱਖ ਰਾਸ਼ਟਰੀ ਖੇਡ ਫੈਡਰੇਸ਼ਨਾਂ ਅਤੇ ਭਾਰਤੀ ਖੇਡ ਅਥਾਰਟੀ ਦੇ ਪਤਵੰਤੇ ਵੀ ਰੈਲੀ ਵਿੱਚ ਸ਼ਾਮਲ ਹੋਏ । ਸ੍ਰੀ ਮਾਂਡਵੀਆ ਨੇ ਕਿਹਾ ਕਿ ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਤਿੰਨ ਦਿਨਾਂ ਖੇਡ ਸਮਾਗਮ ਦਾ ਆਯੋਜਨ ਕੀਤਾ ਗਿਆ । ਦੂਜੇ ਦਿਨ ਦੇਸ਼ ਭਰ ਵਿੱਚ 200 ਤੋਂ ਵੱਧ ਥਾਵਾਂ 'ਤੇ ਖੇਡ ਸਮਾਗਮ ਕੀਤੇ ਗਏ। ਅੱਜ ਦੇਸ਼ ਭਰ ਵਿੱਚ 10 ਹਜ਼ਾਰ ਤੋਂ ਵੱਧ ਥਾਵਾਂ 'ਤੇ 'ਸਾਈਕਲ 'ਤੇ ਐਤਵਾਰ' ਪ੍ਰੋਗਰਾਮ ਕਰਵਾਏ ਗਏ ।

--------------------------------------------------------

ਇਸੇ ਦੌਰਾਨ ਗਰੁੱਪ ਸੈਂਟਰ, ਜਲੰਧਰ ਵਿਖੇ CRPF ਦੇ DIG ਰਾਕੇਸ਼ ਰਾਓ ਦੀ ਅਗਵਾਈ ਹੇਠ ਮਹਾਨ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੀ ਜੈਅੰਤੀ ਮੌਕੇ 29 ਤੋਂ 31 ਅਗਸਤ ਤਿੰਨ ਦਿਨਾਂ ਰਾਸ਼ਟਰੀ ਖੇਡ ਦਿਵਸ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ, ਜਲੰਧਰ ਸਥਿਤ ਸੀ.ਆਰ.ਪੀ.ਐਫ ਗਰੁੱਪ ਸੈਂਟਰ ਵਿਖੇ ਮੌਜੂਦ ਸਾਰੇ ਅਧਿਕਾਰੀਆਂ, ਅਧਿਕਾਰੀਆਂ ਨੇ ਮੇਜਰ ਧਿਆਨ ਚੰਦ ਨੂੰ ਯਾਦ ਕਰਦੇ ਹੋਏ ਆਪਣੇ ਆਪ ਨੂੰ ਸਰੀਰਕ ਤੌਰ 'ਤੇ ਤੰਦਰੁਸਤ, ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਭਾਵਨਾਤਮਕ ਤੌਰ 'ਤੇ ਸੰਤੁਲਿਤ ਬਣਾਉਣ ਦੀ ਸਹੁੰ ਚੁੱਕੀ। ਇਸ ਦੌਰਾਨ,

ਗਰੁੱਪ ਸੈਂਟਰ, ਸੀ.ਆਰ.ਪੀ.ਐਫ, ਜਲੰਧਰ ਵਿਖੇ ਟਗ ਆਫ਼ ਵਾਰ, ਵਾਲੀਬਾਲ ਮੈਚ, ਬੱਚਿਆਂ ਦੀ ਦੌੜ, ਮਾਹਰਾਂ ਵਲੋਂ ਫਿਟਨੈਸ 'ਤੇ ਬਹਿਸ ਅਤੇ ਭਾਸ਼ਣ ਅਤੇ ਹੋਰ ਖੇਡ ਮੁਕਾਬਲੇ ਕਰਵਾਏ ਗਏ। ਅੱਜ ਇੱਕ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ । ਸਾਈਕਲ ਰੈਲੀ ਵਿਚ ਅਧਿਕਾਰੀਆਂ ਅਧਿਕਾਰੀਆਂ ਅਤੇ ਬੱਚਿਆਂ ਨੇ ਹਿੱਸਾ ਲਿਆ ।

---------------------------------------------------------

ਫਿਰੋਜ਼ਪੁਰ ਡਿਵੀਜ਼ਨ ਵਿੱਚ ਰੇਲਵੇ ਅਫਸਰਜ਼ ਕਲੱਬ ਵਲੋਂ ਵੀ ਰਾਸ਼ਟਰੀ ਖੇਡ ਦਿਵਸ ਮੌਕੇ ਇੱਕ ਬੈਡਮਿੰਟਨ ਮੁਕਾਬਲਾ ਕਰਵਾਇਆ ਗਿਆ । ਬੈਡਮਿੰਟਨ ਮੁਕਾਬਲੇ ਵਿੱਚ ਵੱਖ ਵੱਖ ਟੀਮਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ।ਡਿਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਨੇ ਕਿਹਾ ਕਿ ਅਜਿਹੇ ਸਮਾਗਮ ਕਰਮਚਾਰੀਆਂ ਵਿੱਚ ਖੇਡ ਭਾਵਨਾ, ਆਪਸੀ ਸਹਿਯੋਗ ਅਤੇ ਟੀਮ ਵਰਕ ਨੂੰ ਉਤਸ਼ਾਹਿਤ ਕਰਦੇ ਨੇ ਅਤੇ ਇੱਕ ਸਿਹਤਮੰਦ ਕੰਮ ਕਰਨ ਵਾਲਾ ਮਾਹੌਲ ਬਣਾਉਣ ਵਿੱਚ ਮਦਦਗਾਰ ਸਾਬਤ ਹੁੰਦੇ ਨੇ ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਉਨ੍ਹਾਂ ਦੇਸ਼ ਭਰ ਵਿਚ ਵਾਪਰੀਆਂ ਕੁਦਰਤੀ ਆਫ਼ਤਾਂ ਦੌਰਾਨ,ਲੋਕਾਂ ਨੂੰ ਬਚਾਉਣ ਵਾਸਤੇ ਦਿਨ-ਰਾਤ ਕੰਮ ਕਰਨ ਲਈ, NDRF,

SDRF, ਭਾਰਤੀ ਫੌਜ ਹੋਰਨਾਂ ਸੁਰੱਖਿਆ ਬਲਾਂ ਤੇ ਲੋਕਾਂ ਦਾ ਸ਼ੁਕਰੀਆ ਅਦਾ ਕੀਤਾ।

- ਪੰਜਾਬ ਤਬਾਹਕੁੰਨ ਹੜ੍ਹਾਂ ਦਾ ਸਾਹਮਣਾ ਕਰ ਰਿਹਾ ਏ- ਰਾਹਤ ਤੇ ਬਚਾਅ ਕਾਰਜ ਜੰਗੀ ਪੱਧਰ ‘ਤੇ ਜਾਰੀ- ਹੜ੍ਹਾਂ ਦੀ ਸਥਿਤੀ ਵਿਚ ਕੋਈ ਸੁਧਾਰ ਨਾ ਹੋਣ ਦੇ ਮੱਦੇਨਜ਼ਰ, ਪੰਜਾਬ ਸਰਕਾਰ ਵਲੋਂ 3 ਸਤੰਬਰ ਤੱਕ ਸੂਬੇ ਦੇ ਸਾਰੇ ਸਕੂਲਾਂ ਵਿਚ ਛੁੱਟੀਆਂ ਦਾ ਐਲਾਨ।
- -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜਾਂ ਬਾਰੇ ਜਾਣੂ ਕਰਵਾਉਂਦਿਆਂ, ਕੇਂਦਰ ਕੋਲ ਰੁਕੇ 60 ਹਜ਼ਾਰ ਕਰੋੜ ਰੁਪਏ ਦੇ ਫੰਡ ਜਾਰੀ ਕਰਨ ਲਈ, ਪ੍ਰਧਾਨ ਮੰਤਰੀ ਤੋਂ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ।
- ਮੌਸਮ ਵਿਭਾਗ ਵਲੋਂ ਅਗਲੇ 24 ਘੰਟਿਆਂ ਦੌਰਾਨ, ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ।
- ਰਾਸ਼ਟਰੀ ਖੇਡ ਦਿਵਸ ਹਿੱਸੇ ਵਜੋਂ, ਪੰਜਾਬ ਸਮੇਤ ਅੱਜ ਦੇਸ਼ ਭਰ ਵਿੱਚ, ਵੱਖ-ਵੱਖ ਪ੍ਰੋਗਰਾਮਾਂ ਦਾ ਆਯੋਜਨ ।

**ਇਸਦੇ ਨਾਲ ਪ੍ਰਦੇਸ਼ਕਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 20 ਮਿੰਟ 'ਤੇ

ਨਮਸਕਾਰ !